# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 25-08-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਪੁਲਾੜ ਖੇਤਰ ਵਿੱਚ ਸੁਧਾਰਾਂ ਨਾਲ ਦੇਸ਼ ਦੇ ਨੌਜਵਾਨਾਂ ਨੂੰ ਕਾਫੀ ਫਾਇਦਾ ਹੋਇਆ ਏ। ਅੱਜ ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ 'ਚ ਰਾਸ਼ਟਰ ਨੂੰ ਸੰਬੋਧਨ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ, ਦੇਸ਼ 'ਚ ਬਹੁਤ ਕੁਝ ਅਜਿਹਾ ਹੋ ਰਿਹਾ ਏ ਜੋ ਵਿਕਸਿਤ ਭਾਰਤ ਦੀ ਨੀਂਹ ਨੂੰ ਮਜ਼ਬੂਤ ਬਣਾ ਰਿਹਾ ਏ। ਉਨ੍ਹਾਂ ਕਿਹਾ ਕਿ, ਇਸ ਮਹੀਨੇ ਦੀ 23 ਤਰੀਕ ਨੂੰ ਦੇਸ਼ ਵਾਸੀਆਂ ਨੇ ਚੰਦਰਯਾਨ-3 ਦੀ ਸਫਲਤਾ ਨੂੰ ਮਨਾਉਂਦਿਆਂ ਪਹਿਲਾ ਰਾਸ਼ਟਰੀ ਪੁਲਾੜ ਦਿਵਸ ਮਨਾਇਆ। ਉਨ੍ਹਾਂ ਕਿਹਾ, ਪਿਛਲੇ ਸਾਲ ਇਸ ਦਿਨ ਚੰਦਰਯਾਨ-3 ਨੇ ਚੰਦ ਦੇ ਦੱਖਣੀ ਹਿੱਸੇ 'ਤੇ ਸ਼ਿਵ-ਸ਼ਕਤੀ ਬਿੰਦੂ 'ਤੇ ਸਫਲ ਲੈਂਡਿੰਗ ਕੀਤੀ ਸੀ। ਉਨ੍ਹਾਂ ਕਿਹਾ, ਭਾਰਤ ਇਹ ਉਪਲਬਧੀ ਹਾਸਲ ਕਰਨ ਵਾਲਾ ਦੁਨੀਆ ਦਾ ਪਹਿਲਾ ਦੇਸ਼ ਬਣ ਗਿਆ ਏ। ਮਨ

ਕੀ ਬਾਤ ਦੌਰਾਨ, ਪ੍ਰਧਾਨ ਮੰਤਰੀ ਮੋਦੀ ਨੇ ਸਪੇਸਟੈਕ ਸਟਾਰਟ-ਅੱਪ ਗਲੈਕਸੀ ਦੀ ਟੀਮ ਨਾਲ ਵੀ ਗੱਲਬਾਤ ਕੀਤੀ, ਜਿਸ ਨੂੰ ਆਈਆਈਟੀ-ਮਦਰਾਸ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਲਾਂਚ ਕੀਤਾ ਗਿਆ ਸੀ। ਸ੍ਰੀ ਮੋਦੀ ਨੇ ਕਿਹਾ, ਇਸ ਸਾਲ ਲਾਲ ਕਿਲ੍ਹੇ ਤੋਂ ਉਨ੍ਹਾਂ ਨੇ ਗੈਰ-ਸਿਆਸੀ ਪਿਛੋਕੜ ਵਾਲੇ ਇੱਕ ਲੱਖ ਨੌਜਵਾਨਾਂ ਨੂੰ ਸਿਆਸੀ ਪ੍ਰਣਾਲੀ ਨਾਲ ਜੁੜਨ ਦੀ ਅਪੀਲ ਕੀਤੀ ਸੀ । ਉਨ੍ਹਾਂ ਕਿਹਾ, ਇਸ ਨੂੰ ਜ਼ਬਰਦਸਤ ਹੁੰਗਾਰਾ ਮਿਲਿਆ ਏ ਅਤੇ ਵੱਡੀ ਗਿਣਤੀ ਵਿੱਚ ਨੌਜਵਾਨ ਸਿਆਸਤ ਵਿੱਚ ਆਉਣ ਲਈ ਉਤਸ਼ਾਹਿਤ ਨੇ । ਹਰ ਘਰ ਤਿਰੰਗਾ ਮੁਹਿੰਮ ਬਾਰੇ ਬੋਲਦਿਆਂ, ਪ੍ਰਧਾਨ ਮੰਤਰੀ ਨੇ ਕਿਹਾ, ਜੰਮੂ-ਕਸ਼ਮੀਰ ਦੇ ਰਿਆਸੀ ਵਿਖੇ, ਦੁਨੀਆ ਦੇ ਸਭ ਤੋਂ ਉੱਚੇ ਰੇਲਵੇ ਪੁਲ, ਚਨਾਬ ਰੇਲਵੇ ਪੁਲ 'ਤੇ 750 ਮੀਟਰ ਲੰਬੇ ਰਾਸ਼ਟਰੀ ਝੰਡੇ ਵਾਲੀ ਤਿਰੰਗਾ ਰੈਲੀ ਕੱਢੀ ਗਈ। ਇਸ ਗੱਲ ‘ਤੇ ਮਾਣ ਪ੍ਰਗਟਾਉਦਿਆਂ ਸ੍ਰੀ ਮੋਦੀ ਨੇ ਕਿਹਾ ਕਿ, ਜਿਸ ਨੇ ਵੀ ਇਨ੍ਹਾਂ ਤਸਵੀਰਾਂ ਨੂੰ ਦੇਖਿਆ, ਉਸਦਾ ਦਿਲ ਖ਼ੁਸ਼ੀ ਨਾਲ ਭਰ ਗਿਆ। ਇਸੇ ਤਰਜ਼ 'ਤੇ ਦੇਸ਼ ਦੇ ਹੋਰ ਰਾਜਾਂ ਵਿੱਚ ਵੀ ਹਰ ਉਮਰ ਦੇ ਲੋਕਾਂ ਨੇ ਅਜਿਹੀਆਂ ਤਿਰੰਗਾ ਯਾਤਰਾਵਾਂ ਵਿੱਚ ਸ਼ਮੂਲੀਅਤ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਹਰ ਘਰ

ਤਿਰੰਗਾ ਮੁਹਿੰਮ ਨੇ ਪੂਰੇ ਦੇਸ਼ ਨੂੰ ਏਕਤਾ ਦੇ ਧਾਗੇ ਨਾਲ ਬੰਨ੍ਹਿਆ ਏ ਅਤੇ ਇਹੀ EK BHARAT SHRESHTH BHARAT ਏ। ਪ੍ਰਧਾਨ ਮੰਤਰੀ ਮੋਦੀ ਨੇ ਮਨੁੱਖਾਂ ਅਤੇ ਜਾਨਵਰਾਂ ਵਿਚਕਾਰ ਪਿਆਰ ਦੇ ਰਿਸ਼ਤੇ 'ਤੇ ਆਪਣੇ ਵਿਚਾਰ ਸਾਂਝੇ ਕੀਤੇ। ਪ੍ਰਧਾਨ ਮੰਤਰੀ ਨੇ ਲੋਕਾਂ ਨੂੰ ਕੈਚ ਦ ਰੇਨ ਮੁਹਿੰਮ ਅਤੇ ਏਕ ਪੇੜ ਮਾਂ ਕੇ ਨਾਂ ਮੁਹਿੰਮ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਕੁਝ ਦਿਨ ਪਹਿਲਾਂ ਮਨਾਏ ਗਏ ਵਿਸ਼ਵ ਸੰਸਕ੍ਰਿਤ ਦਿਵਸ 'ਤੇ, ਸ਼੍ਰੀ ਮੋਦੀ ਨੇ ਕਿਹਾ ਕਿ, ਲਿਥੁਆਨੀਆ ਦੇ ਇੱਕ ਪ੍ਰੋਫੈਸਰ ਵਿਟਿਸ ਵਿਦੁਨਸ ਨੇ 'Sanskrit on the Rivers' ਨਾਂ ਦੀ ਇੱਕ ਵਿਲੱਖਣ ਕੋਸ਼ਿਸ਼ ਸ਼ੁਰੂ ਕੀਤੀ ਏ, ਜਿਸ ਤਹਿਤ ਲੋਕਾਂ ਦਾ ਇੱਕ ਸਮੂਹ Neris ਦਰਿਆ ਦੇ ਕੰਢੇ ਇਕੱਠੇ ਹੁੰਦਾ ਏ ਅਤੇ ਸੰਸਕ੍ਰਿਤ ਵਿੱਚ ਵੇਦਾਂ ਅਤੇ ਗੀਤਾ ਦਾ ਪਾਠ ਕੀਤਾ ਜਾਂਦਾ ਏ। ਸ਼੍ਰੀ ਮੋਦੀ ਨੇ ਕਿਹਾ ਕਿ, ਕੁਝ ਦਿਨਾਂ ਪਹਿਲਾਂ ਪੈਰਿਸ ਵਿੱਚ ਪੈਰਾਲੰਪਿਕ ਸ਼ੁਰੂ ਹੋਣ ਵਾਲੇ ਨੇ ਅਤੇ 140 ਕਰੋੜ ਭਾਰਤੀ ਦੇਸ਼ ਦੇ ਖਿਡਾਰੀਆਂ ਦੀ ਹੌਂਸਲਾ ਅਫਜ਼ਾਈ ਕਰ ਰਹੇ ਨੇ। ਉਹਨਾਂ ਲੋਕਾਂ ਨੂੰ ਹੈਸ਼ਟੈਗ ਚੀਅਰ4ਭਾਰਤ ਨਾਲ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਕਿਹਾ। ਸ਼੍ਰੀ ਮੋਦੀ ਨੇ ਜਨਮ ਅਸ਼ਟਮੀ, ਗਣੇਸ਼ ਚਤੁਰਥੀ, ਓਨਮ,

ਮਿਲਾਦ-ਉਨ-ਨਬੀ ਅਤੇ ਤੇਲਗੂ ਭਾਸ਼ਾ ਦਿਵਸ ਦੇ ਆਉਣ ਵਾਲੇ ਤਿਉਹਾਰਾਂ ਲਈ ਲੋਕਾਂ ਨੂੰ ਸ਼ੁਭਕਾਮਨਾਵਾਂ ਵੀ ਦਿੱਤੀਆਂ।

---------------------------------------------------

ਪਰਮਾਣੂ ਊਰਜਾ ਵਿਭਾਗ (DAE) ਦੇ ਸਕੱਤਰ ਡਾ: ਅਜੀਤ ਕੁਮਾਰ ਮੋਹੰਤੀ ਨੇ ਮੋਹਾਲੀ ਨੇੜੇ ਮੁਲਾਂਪੁਰ ਸਥਿਤ ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਖੋਜ ਕੇਂਦਰ ਦਾ ਦੌਰਾ ਕੀਤਾ, ਜਿੱਥੇ ਉਨ੍ਹਾਂ ਨੇ ਮਰੀਜ਼ਾਂ ਦੀ ਦੇਖਭਾਲ ਅਤੇ ਜਾਂਚ ਨੂੰ ਵਧਾਉਣ ਦੇ ਉਦੇਸ਼ ਨਾਲ ਅਤਿ-ਆਧੁਨਿਕ ਸਹੂਲਤਾਂ ਦਾ ਉਦਘਾਟਨ ਕੀਤਾ। ਹੋਮੀ ਭਾਭਾ ਕੈਂਸਰ ਹਸਪਤਾਲ ਅਤੇ ਰਿਸਰਚ ਸੈਂਟਰ, ਟਾਟਾ ਮੈਮੋਰੀਅਲ ਸੈਂਟਰ ਦੀ ਅਗਵਾਈ ਹੇਠ ਕਾਇਮ ਕੀਤਾ ਗਿਆ ਏ।

---------------------------------------------------

ਫਾਜ਼ਿਲਕਾ ਦੇ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਅਤੇ ਜ਼ਿਲ੍ਹਾ ਐਪੀਡਮੋ-ਲੋਜਿਸਟ ਡਾ. ਸੁਨੀਤਾ ਕੰਬੋਜ ਅਤੇ ਸੀਨੀਅਰ ਮੈਡੀਕਲ ਅਫਸਰ ਡਾ. ਪੰਕਜ ਚੋਹਾਨ ਦੀ ਅਗਵਾਈ ਹੇਠ ਅਤੇ ਐਸ.ਆਈ. ਕਮਲਜੀਤ ਸਿੰਘ ਬਰਾੜ ਦੇ ਦਿਸ਼ਾ—ਨਿਰਦੇਸ਼ਾਂ ਰਾਹੀਂ ਮਾਈਗ੍ਰੇਟਰੀ ਫੀਵਰ ਸਰਵੇਖਣ ਕੀਤਾ ਗਿਆ। ਸਿਹਤ ਵਿਭਾਗ ਦੇ ਅਧਿਕਾਰੀਆਂ ਵੱਲੋਂ

ਭੱਠਾ, ਫੈਕਟਰੀ ਗੋਦਾਮ ਵਿਖੇ ਜਾ ਕੇ ਸ਼ੱਕੀ ਬੁਖਾਰ ਵਾਲੇ ਮਰੀਜਾਂ ਦਾ ਚੈਕਅਪ ਕੀਤਾ ਗਿਆ ਅਤੇ ਮਲੇਰੀਆ ਬੁਖਾਰ ਦੇ ਲਛਣਾਂ ਤੇ ਬਚਾਅ ਬਾਰੇ ਜਾਗਰੂਕ ਕੀਤਾ ਗਿਆ ।ਇਸ ਮੌਕੇ ਸਿਹਤ ਮੁਲਾਜ਼ਮ ਜਤਿੰਦਰ ਕੁਮਾਰ ਨੇ ਮਲੇਰੀਆ ਬੁਖਾਰ ਦੇ ਲੱਛਣਾਂ ਬਾਰੇ ਦੱਸਿਆ। ਉਨ੍ਹਾਂ ਕਿਹਾ ਕਿ ਤੇਜ਼ ਬੁਖਾਰ ਵਿਚ ਸਿਰ ਦਰਦ, ਕਾਬਾਂ ਲਗਣਾ ਅਤੇ ਸ਼ਰੀਰ ਨੂੰ ਪਸੀਨਾ ਆਉਣਾ, ਬੁਖਾਰ ਹੋਣ ਦੀ ਸੂਰਤ ਵਿਚ ਤੁੰਰਤ ਡਾਕਟਰੀ ਸਲਾਹ ਲੈਣੀ ਚਾਹੀਦੀ ਏ ।